# **ਆਕਾਸ਼ਵਾਣੀ ਜਲੰਧਰ**

## **ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 01-04-2025**

ਯੁਵਾ ਮਾਮਲੇ ਤੇ ਖੇਡ ਮੰਤਰਾਲਾ ਅੱਜ ਨਵੀਂ ਦਿੱਲੀ ਵਿਚ **ਤਿੰਨ ਦਿਨਾਂ ਵਿਕਸਿਤ ਭਾਰਤ ਯੁਵਾ ਸੰਸਦ** ਪ੍ਰੋਗਰਾਮ ਦੀ ਸ਼ੁਰੂਆਤ ਕਰੇਗਾ। ਰਵਾਇਤੀ ਯੁਵਾ ਸੰਸਦ ਵਾਂਗ ਇਹ ਆਯੋਜਨ ਨੌਜਵਾਨਾਂ ਨੂੰ ਸਿਆਸਤ ਤੇ ਜਨਤਕ ਨੀਤੀ ਨਾਲ ਜੋੜਨ ਲਈ ਸ਼ਕਤੀਸ਼ਾਲੀ ਮੰਚ ਵਜੋਂ ਕੰਮ ਕਰੇਗਾ। ਕੋਰੋਨਾ ਮਹਾਮਾਰੀ ਤੋਂ ਬਾਅਦ ਪਹਿਲੀ ਵਾਰ, ਸਾਰੇ 300 ਜ਼ਿਲ੍ਹਾ ਨੋਡਲ ਗੇੜ ਵਿਅਕਤੀਗਤ ਤੌਰ 'ਤੇ ਕੀਤੇ ਗਏ ਸਨ। ਹਰ ਸੂਬੇ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 75 ਹਜ਼ਾਰ ਤੋਂ ਵੱਧ ਨੌਜਵਾਨਾਂ ਨੇ **ਮਾਈ ਭਾਰਤ ਪੋਰਟਲ** 'ਤੇ ਆਪਣੀਆਂ ਵੀਡੀਓ ਐਂਟਰੀਆਂ ਜਮ੍ਹਾਂ ਕਰਵਾਈਆਂ। ਜ਼ਿਲ੍ਹਾ ਤੇ ਸੂਬਾ ਪੱਧਰ ਤੋਂ ਬਾਅਦ, ਚੋਟੀ ਦੇ 3 ਉਮੀਦਵਾਰਾਂ ਯਾਨੀ ਹਰੇਕ ਸੂਬੇ ਤੇ ਕੇਂਦਰ ਸ਼ਾਸਤ ਸੂਬਿਆਂ ਤੋਂ ਕੁੱਲ **108 ਨੌਜਵਾਨਾਂ** ਨੂੰ ਰਾਸ਼ਟਰੀ ਪੱਧਰ 'ਤੇ ਹਿੱਸਾ ਲੈਣ ਲਈ ਚੁਣਿਆ

ਗਿਆ ਏ । ਭਾਗੀਦਾਰ "ਇਕ ਰਾਸ਼ਟਰ, ਇਕ ਚੋਣ" ਅਤੇ "ਵਿਕਸਿਤ ਭਾਰਤ" 'ਤੇ ਪ੍ਰਸ਼ਨ ਕਾਲ ਸਮੇਤ ਉੱਚ ਪੱਧਰੀ ਵਿਚਾਰ-ਵਟਾਂਦਰੇ ਅਤੇ ਸਰਗਰਮੀਆਂ ਵਿਚ ਸ਼ਾਮਲ ਹੋਣਗੇ।

---------------------------------------------------------------

ਤੇਲ ਮਾਰਕੀਟਿੰਗ ਕੰਪਨੀਆਂ ਨੇ ਅੱਜ ਗੈਸ ਸਿਲੰਡਰ ਦੀ ਕੀਮਤ ਵਿਚ ਬਦਲਾਅ ਕੀਤਾ ਏ। ਦੇਸ਼ ਭਰ ਵਿਚ 19 ਕਿੱਲੋ ਵਾਲੇ ਵਪਾਰਕ ਐੱਲਪੀਜੀ ਗੈਸ ਸਿਲੰਡਰ ਦੀ ਕੀਮਤ ਵਿਚ 41 ਰੁਪਏ ਦੀ ਕਟੌਤੀ ਕੀਤੀ ਗਈ ਏ ਤੇ ਇਹ ਕੀਮਤ ਅੱਜ ਤੋਂ ਲਾਗੂ ਹੋ ਗਈ ਏ। ਹੁਣ ਵਪਾਰਕ ਐੱਲਪੀਜੀ ਸਿਲੰਡਰ 1762 ਰੁਪਏ (ਪ੍ਰਚੂਨ ਕੀਮਤ) ਵਿਚ ਮਿਲ ਸਕੇਗਾ ਹਾਲਾਂਕਿ ਘਰੇਲੂ ਸਿਲੰਡਰ ਦੀ ਦਰ ਵਿਚ ਕੋਈ ਬਦਲਾਅ ਨਹੀਂ ਕੀਤਾ ਗਿਆ। ਜ਼ਿਕਰਯੋਗ ਏ ਕਿ ਤੇਲ ਕੰਪਨੀਆਂ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਐੱਲਪੀਜੀ ਗੈਸ ਸਿਲੰਡਰ ਦੀ ਕੀਮਤ ਵਿਚ ਸੋਧ ਕਰਦੀਆਂ ਨੇ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਸਰਹੱਦੀ ਜ਼ਿਲ੍ਹੇ

ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੇ ਫ਼ਤਿਹਗੜ੍ਹ ਚੂੜੀਆਂ ਵਿਚ ਪੈਦਲ ਯਾਤਰਾ ਕਰ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਸੁਚੇਤ ਕਰਨਗੇ। ਸਰਕਾਰੀ ਬੁਲਾਰੇ ਮੁਤਾਬਕ ਰਾਜਪਾਲ ਭਲਕੇ 3 ਅਪ੍ਰੈਲ ਨੂੰ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਤੋਂ ਪੈਦਲ ਯਾਤਰਾ ਸ਼ੁਰੂ ਕਰਨਗੇ, ਜਿਹੜੀ ਕਿ ਡੇਰਾ ਬਾਬਾ ਨਾਨਕ ਵਿਚ ਸਮਾਪਤ ਹੋਵੇਗੀ। ਪੈਦਲ ਯਾਤਰਾ ਦੇ ਦੂਜੇ ਦਿਨ ਦੀ ਸ਼ੁਰੂਆਤ ਸਵੇਰੇ 6 ਵਜੇ ਪਿੰਡ ਢੰਡੇ (ਫਤਿਹਗੜ੍ਹ ਚੂੜੀਆਂ-ਡੇਰਾ ਬੀਬਾ ਨਾਨਕ ਰੋਡ)ਤੋਂ ਹੋਵੇਗਾ ਤੇ ਇਸ ਦੀ ਸਮਾਪਤੀ ਐੱਸ.ਡੀ. ਕਾਲਜ ਫ਼ਤਿਹਗੜ੍ਹ ਚੂੜੀਆਂ ਵਿਚ ਹੋਵੇਗੀ। ਇਸ ਤੋਂ ਬਾਅਦ 5 ਤੋਂ 8 ਅਪ੍ਰੈਲ ਤੱਕ ਪੈਦਲ ਯਾਤਰਾ ਜ਼ਿਲ੍ਹਾ ਅੰਮ੍ਰਿਤਸਰ ਵਿਚ ਅੱਗੇ ਲਈ ਚੱਲੇਗੀ।

---------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਨੌਜਵਾਨਾਂ ਨੂੰ ਹੁਨਰਮੰਦ ਤੇ  ਸਵੈ-ਨਿਰਭਰ ਬਣਾਉਣ ਲਈ ਪੰਜਾਬ ਸਰਕਾਰ ਨੇ ਗੈਰ-ਸਰਕਾਰੀ ਸੰਸਥਾਵਾਂ ਨੂੰ 80 ਲੱਖ ਰੁਪਏ ਦੀ ਮਾਲੀ ਮਦਦ ਜਾਰੀ ਕੀਤੀ

ਏ। ਉਨਾਂ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀਆਂ 4 ਐੱਜੀਓਜ਼ ਨੂੰ ਕਟਿੰਗ ਅਤੇ ਟੇਲਰਿੰਗ, ਫੈਸ਼ਨ ਡਿਜ਼ਾਇਨਿੰਗ ਤੇ ਕੰਪਿਊਟਰ ਟ੍ਰੇਨਿੰਗ ਪ੍ਰਾਜੈਕਟਾਂ ਲਈ 40 ਲੱਖ ਰੁਪਏ ਜਾਰੀ ਕਰਨ ਦੀ ਮਨਜ਼ੂਰੀ ਦਿੱਤੀ ਗਈ ਏ। ਇਸ ਤੋਂ ਇਲਾਵਾ ਸੰਗਰੂਰ ਜ਼ਿਲ੍ਹੇ ਦੀ ਇਕ ਸੰਸਥਾ ਨੂੰ **ਕਟਿੰਗ ਤੇ ਟੇਲਰਿੰਗ ਕੋਰਸ** ਲਈ 10 ਲੱਖ ਰੁਪਏ ਜਾਰੀ ਕੀਤੇ ਗਏ ਨੇ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੀਆਂ 3 ਗੈਰ-ਸਰਕਾਰੀ ਸੰਸਥਾਵਾਂ ਨੂੰ ਇਨ੍ਹਾਂ ਕੋਰਸਾਂ ਲਈ 30 ਲੱਖ ਰੁਪਏ ਜਾਰੀ ਕੀਤੇ ਗਏ ਨੇ।

---------------------------------------------------------

**ਯੁੱਧ ਨਸ਼ਿਆਂ ਵਿਰੁੱਧ** ਮੁਹਿੰਮ ਦੇ 31ਵੇਂ ਦਿਨ ਪੰਜਾਬ ਪੁਲਿਸ ਨੇ 48 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 16 ਕਿਲੋ ਤੋਂ ਵੱਧ ਹੈਰੋਇਨ ਤੇ 34,300 ਰੁਪਏ ਦੀ ਨਗਦੀ ਬਰਾਮਦ ਕੀਤੀ ਗਈ ਏ। 31 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 4640 ਹੋ ਗਈ ਏ। ਕਾਨੂੰਨ ਤੇ ਵਿਵਸਥਾ ਸਬੰਧੀ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ 99 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 200 ਤੋਂ ਵੱਧ

ਪੁਲਿਸ ਟੀਮਾਂ ਨੇ ਸੂਬੇ ਵਿਚ 518 ਥਾਵਾਂ ‘ਤੇ ਛਾਪੇਮਾਰੀ ਕਰਦੇ ਹੋਏ 35 ਮਾਮਲੇ ਦਰਜ ਕੀਤੇ ਨੇ।

--------------------------------------------------------

ਤਲਵੰਡੀ ਸਾਬੋ ਸਥਿਤ ਤਖਤ ਸ੍ਰੀ ਦਮਦਮਾ ਸਾਹਿਬ ਵਿਚ 13 ਅਪ੍ਰੈਲ ਨੂੰ ਵਿਸਾਖੀ ਮੇਲਾ ਰਵਾਇਤੀ ਸ਼ਰਧਾ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਿਲੇ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੇਲੇ ਦੀਆਂ ਆਗਾਊਂ ਤਿਆਰੀਆਂ ਸਬੰਧੀ ਪ੍ਰਸ਼ਾਸਨਕ ਮੀਟਿੰਗ ਕੀਤੀ ਏ। ਡੀਸੀ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਰਿੰਦਰ ਸਿੰਘ **ਵਿਸਾਖੀ ਮੇਲੇ ਦੇ ਕਨਵੀਨਰ** ਅਤੇ ਤਲਵੰਡੀ ਸਾਬੋ ਦੇ ਐੱਸਡੀਐੱਮ ਹਰਜਿੰਦਰ ਸਿੰਘ ਜੱਸਲ **ਮੇਲਾ ਅਫਸਰ** ਹੋਣਗੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੇਲੇ ਨੂੰ ਵੱਖ-ਵੱਖ ਸੈਕਟਰਾਂ ਵਿਚ ਵੰਡ ਕੇ, ਯੋਜਨਾ ਬਣਾਈ ਜਾਵੇ ਤੇ ਖਾਸਕਰ ਪੁਲਿਸ ਅਧਿਕਾਰੀ, ਮੇਲੇ ਵਾਲੇ ਸਥਾਨ ’ਤੇ ਕੰਟਰੋਲ ਰੂਮ ਸਥਾਪਤ ਕਰਨ। ਇਸੇ ਤਰ੍ਹਾਂ ਟ੍ਰੈਫਿਕ ਪ੍ਰਬੰਧਾਂ ਨੂੰ ਸੁਚਾਰੂ

ਢੰਗ ਨਾਲ ਚਲਾਉਣ ਲਈ ਆਰਜੀ ਰੂਟ ਪਲਾਨ ਤਿਆਰ ਕਰਨ ਲ਼ਈ ਕਿਹਾ ਗਿਆ ਏ।

---------------------------------------------------------------

IPL ਟਵੈਂਟੀ -ਟਵੈਂਟੀ ਕ੍ਰਿਕਟ ਵਿਚ, ਅੱਜ ਲਖਨਊ ਦੇ ਏਕਾਨਾ ਕ੍ਰਿਕਟ ਸਟੇਡੀਅਮ ਵਿਚ, ਪੰਜਾਬ ਕਿੰਗਜ਼ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ। ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ। ਬੀਤੀ ਰਾਤ ਮੁੰਬਈ ਇੰਡੀਅਨਜ਼ ਨੇ **ਕੋਲਕਾਤਾ ਨਾਈਟ ਰਾਈਡਰਜ਼** ਨੂੰ 8 ਵਿਕਟਾਂ ਨਾਲ ਹਰਾ ਦਿੱਤਾ ਸੀ।